# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :30-10-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ -ਦੇਸ਼ ਵਿੱਚ ਹੁਣ ਤੱਕ 10 ਹਜ਼ਾਰ ਕਿਸਾਨ ਉਤਪਾਦਕ ਸੰਗਠਨ ਸਥਾਪਿਤ ਕੀਤੇ ਗਏ ਨੇ।

- ਵਿੱਤ ਮੰਤਰਾਲੇ ਦੇ ਅਧਿਕਾਰੀਆਂ ਵੱਲੋਂ "ਜਲ ਸ਼ਕਤੀ ਅਭਿਆਨ 'ਕੈਚ ਦ ਰੇਨ' - 2025" ਤਹਿਤ ਫ਼ਰੀਦਕੋਟ ਜ਼ਿਲ੍ਹੇ ਦੇ ਪਿੰਡ ਢਿੱਲਵਾਂ ਕਲਾਂ ਦਾ ਦੌਰਾ।

- ਪੰਜਾਬ ਸਰਕਾਰ ਵਲੋਂ ਵਿਧਵਾ ਅਤੇ ਬੇਅਸਰਾ ਔਰਤਾਂ ਦੀ ਵਿੱਤੀ ਸਹਾਇਤਾ ਵਜੋਂ ਹੁਣ ਤੱਕ 693 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ।

- ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਿੱਖਿਆ ਵਿਭਾਗ ਦੀਆਂ 7 ਜਥੇਬੰਦੀਆਂ ਨਾਲ ਮੀਟਿੰਗ ਕੀਤੀ , ਜਾਇਜ਼ ਮੰਗਾਂ ਹੱਲ ਕਰਨ ਦਾ ਦਿੱਤਾ ਭਰੋਸਾ।

- ਤਿੰਨ ਦਿਨਾਂ 34ਵਾਂ ਮੇਲਾ 'ਗ਼ਦਰੀ ਬਾਬਿਆਂ ਦਾ' ਜਲੰਧਰ 'ਚ ਅੱਜ ਤੋਂ ਸ਼ੁਰੂ ਹੋਇਆ ।

- 42ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਵਿੱਚ ਅੱਜ ਕੁਆਟਰ ਫਾਈਨਲ ਮੈਚਾਂ 'ਚ, ਭਾਰਤ ਪੈਟਰੋਲੀਅਮ ਮੁੰਬਈ ਦਾ ਆਰਮੀ ਇਲੈਵਨ ਦਿੱਲੀ ਨਾਲ ਅਤੇ ਪੰਜਾਬ ਪੁਲਿਸ ਜਲੰਧਰ ਦਾ ਇੰਡੀਅਨ ਆਇਲ ਮੁੰਬਈ ਨਾਲ ਮੁਕਾਬਲਾ ਹੋ ਰਿਹਾ ਏ।

## ਹੁਣ ਖਬਰਾਂ ਵਿਸਥਾਰ ਨਾਲ

ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ, ਦੇਸ਼ ਵਿੱਚ ਹੁਣ ਤੱਕ 10 ਹਜ਼ਾਰ ਕਿਸਾਨ ਉਤਪਾਦਕ ਸੰਗਠਨ (FPO) ਸਥਾਪਿਤ ਕੀਤੇ ਗਏ ਨੇ। ਇਹਨਾਂ ਵਿੱਚੋਂ ਕੁਝ FPOs ਦਾ ਕਾਰੋਬਾਰ 100 ਕਰੋੜ ਰੁਪਏ ਤੱਕ ਪਹੁੰਚ ਗਿਆ ਏ।

ਅੱਜ ਨਵੀਂ ਦਿੱਲੀ, ਵਿੱਚ ਦੋ-ਰੋਜ਼ਾ FPO ਸਮਾਗਮ 2025 ਨੂੰ ਸੰਬੋਧਨ ਕਰਦਿਆਂ, ਸ਼੍ਰੀ ਚੌਹਾਨ ਨੇ ਕਿਹਾ ਕਿ, 1100  FPO ਕਰੋੜਪਤੀ ਬਣ ਚੁਕੇ ਨੇ।

BYTE

ਸ਼੍ਰੀ ਚੌਹਾਨ ਨੇ ਕਿਹਾ ਕਿ ਸਰਕਾਰ, ਆਰਥਿਕਤਾ ਨੂੰ ਮਜ਼ਬੂਤ ਕਰਨ ਅਤੇ ਖੇਤੀਬਾੜੀ ਉਤਪਾਦਨ ਵਿੱਚ ਵਿਭਿੰਨਤਾ ਲਿਆਉਣ ਲਈ, ਏਕੀਕ੍ਰਿਤ ਖੇਤੀ ਨੂੰ ਉਤਸ਼ਾਹਿਤ ਕਰ ਰਹੀ ਏ । ਉਨ੍ਹਾਂ ਕਿਹਾ ਕਿ ਸਰਕਾਰ ਛੇਤੀ ਹੀ ਕਿਸਾਨਾਂ ਨੂੰ ਉੱਚ ਗੁਣਵੱਤਾ ਵਾਲੇ ਬੀਜਾਂ ਦੀ ਉਪਲਬਧਤਾ ਯਕੀਨੀ ਬਣਾਉਣ ਲਈ ਬੀਜ ਕਾਨੂੰਨ  ਲਿਆਏਗੀ। ਖੇਤੀਬਾੜੀ ਮੰਤਰੀ ਨੇ ਆਰਥਿਕਤਾ ਵਿੱਚ ਕਿਸਾਨਾਂ ਦੇ ਯੋਗਦਾਨ ਦਾ ਜ਼ਿਕਰ ਕਰਦਿਆਂ ਕਿਹਾ ਕਿ, ਖੇਤੀਬਾੜੀ ਖੇਤਰ ਵਿੱਚ ਔਰਤਾਂ ਨੂੰ ਸਸ਼ਕਤ ਬਣਾਉਣ ਲਈ, ਉਨ੍ਹਾਂ ਨੂੰ 50 ਫ਼ੀਸਦੀ ਹਿੱਸੇਦਾਰੀ ਦਿੱਤੀ ਜਾਵੇਗੀ। ਇਸ ਸਮਾਗਮ ਵਿੱਚ ਦੇਸ਼ ਭਰ ਦੇ 24 ਰਾਜਾਂ ਅਤੇ 140 ਜ਼ਿਲ੍ਹਿਆਂ ਦੇ 500 ਤੋਂ ਵੱਧ ਕਿਸਾਨਾਂ, ਕਿਸਾਨ ਉਤਪਾਦਕ ਸੰਗਠਨਾਂ, ਲਾਗੂ ਕਰਨ ਵਾਲੀਆਂ ਏਜੰਸੀਆਂ ਅਤੇ ਕਲੱਸਟਰ-ਅਧਾਰਤ ਵਪਾਰਕ ਸੰਗਠਨਾਂ ਨੇ ਹਿੱਸਾ ਲਿਆ।

--------------------------------------------------

ਕੇਂਦਰੀ ਵਿੱਤ ਮੰਤਰਾਲੇ ਦੇ ਵਿਤੀ ਸੇਵਾਵਾਂ ਬਾਰੇ ਵਿਭਾਗ ਦੇ ਡਾਇਰੈਕਟਰ ਰੋਹਨ ਚੰਦ ਠਾਕੁਰ ਅਤੇ ਤਕਨੀਕੀ ਅਫਸਰ ਵਿਜੈ ਸਿੰਘ ਮੀਣਾ ਨੇ ਅੱਜ ਜਲ ਸ਼ਕਤੀ ਅਭਿਆਨ ਕੈਚ ਦ ਰੇਨ - 2025 ਦੇ ਤਹਿਤ ਫ਼ਰੀਦਕੋਟ ਜ਼ਿਲ੍ਹੇ ਦੇ ਪਿੰਡ ਢਿੱਲਵਾਂ ਕਲਾਂ ਦਾ ਦੌਰਾ ਕੀਤਾ। ਅਧਿਕਾਰੀਆਂ ਨੇ ਪਿੰਡ ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ ਅਤੇ ਪਾਣੀ ਦੀ ਗੁਣਵੱਤਾ ਦੀ ਜਾਂਚ ਅਤੇ ਮੀਂਹ ਦੇ ਪਾਣੀ ਨੂੰ ਇੱਕਠਾ ਕਰਨਾ, ਪਾਣੀ ਸੰਭਾਲ ਕਾਰਜਾਂ ਅਤੇ ਜਲ ਸਰੋਤਾਂ ਦੀ ਸੁਰੱਖਿਆ ਨਾਲ ਸੰਬੰਧਿਤ ਪ੍ਰੋਜੈਕਟਾਂ ਦਾ ਨਿਰੀਖਣ ਵੀ ਕੀਤਾ। ਸ਼੍ਰੀ ਠਾਕੁਰ ਨੇ ਕਿਹਾ ਕਿ ਪਾਣੀ ਦੀ ਸੰਭਾਲ ਕਰਨਾ ਹਰ ਨਾਗਰਿਕ ਦੀ ਜ਼ਿੰਮੇਵਾਰੀ ਏ ਅਤੇ ਮੀਂਹ ਦੇ ਪਾਣੀ ਨੂੰ ਸੰਭਾਲਣਾ ਆਉਣ ਵਾਲੀਆਂ ਪੀੜ੍ਹੀਆਂ ਲਈ ਸਭ ਤੋਂ ਵੱਡਾ ਨਿਵੇਸ਼ ਏ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ ਤੇ ਪਿੰਡ ਪੱਧਰ 'ਤੇ ਮੀਹ ਦੇ ਪਾਣੀ ਨੂੰ ਸੰਭਾਲਣ ਵਾਲਿਆਂ ਪ੍ਰਣਾਲੀਆਂ ਅਪਣਾਉਣ ਤੇ ਇਸ ਅਭਿਆਨ ਨੂੰ ਸਫ਼ਲ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ। ਇਸ ਮੌਕੇ ਜਲ ਸਪਲਾਈ ਤੇ ਸੈਨਿਟੇਸ਼ਨ ਵਿਭਾਗ ਦੇ ਅਧਿਕਾਰੀ, ਸਥਾਨਕ ਪੰਚਾਇਤ ਮੈਂਬਰਾਂ ਅਤੇ ਪਿੰਡ ਵਾਸੀਆਂ ਵੱਲੋਂ ਵੀ ਅਧਿਕਾਰੀਆਂ ਨਾਲ ਵਿਚਾਰ-ਵਟਾਂਦਰਾ ਵੀ ਕੀਤਾ।

---------------------------------------------------

ਕੇਂਦਰੀ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੀਆਂ ਜਲੰਧਰ ਸਥਿਤ ਸਾਰੀਆਂ ਇਕਾਈਆਂ ਦੂਰਦਰਸ਼ਨ ਆਕਾਸ਼ਵਾਣੀ, ਕੇਂਦਰੀ ਸੰਚਾਰ ਬਿਊਰੋ ਅਤੇ ਪੱਤਰ ਸੂਚਨਾ ਦਫ਼ਤਰ ਵਿੱਚ ਜਾਰੀ ਵਿਸ਼ੇਸ਼ਤਾ ਮੁਹਿੰਮ ਦੇ 5ਵੇਂ ਗੇੜ ਤਹਿਤ ਸਫਾਈ ਅਭਿਆਨ ਚਲਾਇਆ ਗਿਆ। ਇਸ ਤਹਿਤ ਸਾਰੇ ਦਫਤਰਾਂ ਦੀਆਂ  ਖਾਲੀ ਥਾਵਾਂ ਦੀ ਸਫਾਈ ਕੀਤੀ ਗਈ, ਉੱਥੇ ਹੀ ਬੇਕਾਰ ਹੋਈਆਂ ਪੁਰਾਣੀਆਂ ਵਸਤਾਂ ਦੀ ਵੀ ਨਿਲਾਮੀ ਕਰ ਦਿੱਤੀ ਗਈ।  ਸੂਚਨਾ ਤੇ ਪ੍ਰਸਾਰਣ ਮੰਤਰਾਲੇ ਤੇ ਡਾਇਰੈਕਟਰ ਗੋਪਾਲ ਅਦਿੱਤਿਆ ਰਘੂਵੰਸ਼ੀ ਵੱਲੋਂ ਅੱਜ ਇਹਨਾਂ ਦਫਤਰਾਂ ਦੀ ਸਾਫ-ਸਫਾਈ ਦਾ ਨਿਰੀਖਣ ਕੀਤਾ। ਉਹਨਾਂ ਇਸ ਦੇਸ਼ ਵਿਆਪੀ ਸਫਾਈ ਮੁਹਿੰਮ ਬਾਰੇ ਬੋਲਦਿਆਂ ਕਿਹਾ।

BYTE

---------------------------------------------------

ਪੰਜਾਬ ਸਰਕਾਰ ਵਲੋਂ ਵਿਧਵਾ ਅਤੇ ਬੇਆਸਰਾ ਔਰਤਾਂ ਦੀ ਆਰਥਿਕ ਮਦਦ ਤੇ ਜੀਵਨ  ਸੁਖਾਲਾ ਬਣਾਉਣ ਵਾਸਤੇ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਨੇ। ਸਮਾਜਿਕ ਸੁਰੱਖਿਆ ,ਮਹਿਲਾ  ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਚਾਲੂ ਵਿੱਤੀ ਸਾਲ ਦੌਰਾਨ ਪੰਜਾਬ ਸਰਕਾਰ ਵੱਲੋਂ ਹੁਣ ਤੱਕ  693 ਕਰੋੜ 4 ਲਖ ਰੁਪਏ  ਦੀ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਏ। ਉਨ੍ਹਾਂ ਨੇ ਦੱਸਿਆ ਕਿ ਸੂਬੇ ਦੀਆਂ 6 ਲੱਖ 65 ਹਜ਼ਾਰ 994 ਵਿਧਵਾ ਅਤੇ ਨਿਆਸ਼ਰਿਤ ਔਰਤਾਂ ਨੂੰ ਇਸ ਸਕੀਮ

ਅਧੀਨ ਵਿੱਤੀ ਸਹਾਇਤਾ ਦਾ ਲਾਭ ਮਿਲ ਰਿਹਾ ਏ। ਡਾ. ਬਲਜੀਤ ਕੌਰ ਨੇ ਕਿਹਾ ਕਿ ਇਹ ਯੋਜਨਾ ਔਰਤਾਂ ਨੂੰ ਆਰਥਿਕ ਤੌਰ ‘ਤੇ ਮਜ਼ਬੂਤ ਬਣਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਲ ਕਰਨ ਦਾ ਇੱਕ ਸ਼ਲਾਘਾਯੋਗ ਉਪਰਾਲਾ ਏ। ਡਾ. ਬਲਜੀਤ ਕੌਰ ਨੇ ਹੋਰ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਿਧਵਾ ਅਤੇ ਬੇਆਸਰਾ ਔਰਤਾਂ ਦੀ ਭਲਾਈ ਲਈ 1170 ਕਰੋੜ ਦੇ ਬਜਟ ਦਾ ਉਪਬੰਧ ਕੀਤਾ ਗਿਆ ਏ। ਉਨ੍ਹਾਂ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇਸ ਸਕੀਮ ਨੂੰ ਜ਼ਮੀਨੀ ਪੱਧਰ ‘ਤੇ ਸੁਚੱਜੇ ਤੇ ਪਾਰਦਰਸ਼ੀ ਢੰਗ ਨਾਲ ਲਾਗੂ ਕੀਤਾ ਜਾਵੇ, ਤਾਂ ਜੋ ਹਰ ਯੋਗ ਲਾਭਪਾਤਰੀ ਤੱਕ ਇਸ ਸਕੀਮ ਦਾ ਫ਼ਾਇਦਾ ਪਹੁੰਚ ਸਕੇ।

---------------------------------------------------------------

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸਰਕਾਰ ਦੇ ‘ਸਿੱਖਿਆ ਕ੍ਰਾਂਤੀ’ ਪ੍ਰੋਗਰਾਮ ਤਹਿਤ ਕੀਤੇ ਜਾ ਰਹੇ ਬੁਨਿਆਦੀ ਢਾਂਚੇ ਦੇ ਵਿਆਪਕ ਅਪਗ੍ਰੇਡਾਂ, ਅਧਿਆਪਕਾਂ ਦੀ ਗਿਣਤੀ ਵਧਾਉਣ ਅਤੇ ਉਨ੍ਹਾਂ ਦੀਆਂ ਲੰਬੇ ਸਮੇਂ ਤੋਂ ਬਕਾਇਆ ਮੰਗਾਂ ਤੇ ਮੁੱਦਿਆਂ ਨੂੰ ਹੱਲ ਕਰਨ ਲਈ ਚੁੱਕੇ ਗਏ ਕਦਮਾਂ ਕਾਰਨ ਸੂਬੇ ਦੀ ਸਿੱਖਿਆ ਪ੍ਰਣਾਲੀ ਵਿੱਚ ਵੱਡੇ ਬਦਲਾਅ ਹੋਏ ਨੇ। ਵਿੱਤ ਮੰਤਰੀ ਨੇ ਸਿੱਖਿਆ ਵਿਭਾਗ ਦੀਆਂ 7 ਜਥੇਬੰਦੀਆਂ ਦੇ ਨੁਮਾਇੰਦਿਆਂ ਨਾਲ ਵਿਸਥਾਰਤ ਵਿਚਾਰ-ਵਟਾਂਦਰਾ

ਕਰਨ ਦੌਰਾਨ ਇਹ ਗੱਲ ਆਖੀ । ਸਿੱਖਿਆ ਸਕੱਤਰ ਅਨਿੰਦਿਤਾ ਮਿਤਰਾ ਨੇ ਵਿੱਤ ਮੰਤਰੀ ਨੂੰ ਦੱਸਿਆ ਕਿ ਜਥੇਬੰਦੀਆਂ ਦੀਆਂ ਜ਼ਿਆਦਾਤਰ ਮੰਗਾਂ ਦਾ ਹੱਲ ਜਾਂ ਤਾਂ ਅੰਤਿਮ ਗੇੜ 'ਤੇ ਏ ਜਾਂ ਇੰਨ੍ਹਾਂ 'ਤੇ ਕਾਰਵਾਈ ਚੱਲ ਰਹੀ ਏ । ਉਨ੍ਹਾਂ ਭਰੋਸਾ ਦਿੱਤਾ ਕਿ ਜਥੇਬੰਦੀਆਂ ਵੱਲੋਂ ਉਠਾਈਆਂ ਗਈਆਂ ਹੋਰ ਜਾਇਜ਼ ਮੰਗਾਂ ਨੂੰ ਵੀ ਜਲਦੀ ਹੀ ਹੱਲ ਕਰ ਦਿੱਤਾ ਜਾਵੇਗਾ । ਇਸ ਦੇ ਜਵਾਬ ਵਿੱਚ, ਵਿੱਤ ਮੰਤਰੀ ਚੀਮਾ ਨੇ ਸਿੱਖਿਆ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਉਹ ਜਾਇਜ਼ ਮੰਗਾਂ ਨਾਲ ਜੁੜੀਆਂ ਵਿੱਤੀ ਜ਼ਿੰਮੇਵਾਰੀਆਂ ਨੂੰ ਵਿੱਤ ਵਿਭਾਗ ਨਾਲ ਸਾਂਝਾ ਕਰੇ ਤਾਂ ਜੋ ਬਿਨਾਂ ਕਿਸੇ ਦੇਰੀ ਦੇ ਜ਼ਰੂਰੀ ਕਾਰਵਾਈ ਬਾਰੇ ਫੈਸਲਾ ਲਿਆ ਜਾ ਸਕੇ ।

---------------------------------------------------------------

ਤਿੰਨ ਦਿਨਾਂ 34ਵਾਂ ਮੇਲਾ 'ਗ਼ਦਰੀ ਬਾਬਿਆਂ ਦਾ' ਜਲੰਧਰ ਦੇ ਦੇਸ਼ ਭਗਤ ਯਾਦਗਾਰ ਹਾਲ ਵਿਖੇ ਅੱਜ ਤੋਂ ਸ਼ੁਰੂ ਹੋ ਗਿਆ ਏ ਜੋ ਪਹਿਲੀ ਨਵੰਬਰ ਤੱਕ ਜਾਰੀ ਰਹੇਗਾ । ਇਸ ਸਾਲ ਇਹ ਮੇਲਾ ਗ਼ਦਰੀ ਗੁਲਾਬ ਕੌਰ ਦੀ 100ਵੀਂ ਬਰਸੀ ਅਤੇ ਗ਼ਦਰ ਲਹਿਰ ਦੇ ਸੰਘਰਸ਼ ਨੂੰ ਸਮਰਪਿਤ ਏ । ਮੌਜੂਦਾ ਰਾਸ਼ਟਰੀ ਅਤੇ ਅੰਤਰ-ਰਾਸ਼ਟਰੀ ਮੁੱਦਿਆਂ, ਨਾਟਕ, ਭਾਸ਼ਣ, ਪੇਂਟਿੰਗ ਮੁਕਾਬਲੇ, ਸੰਗੀਤਕ ਪ੍ਰੋਗਰਾਮ, ਥੀਏਟਰ ਅਤੇ ਕਿਤਾਬ ਪ੍ਰਦਰਸ਼ਨੀਆਂ 'ਤੇ ਚਰਚਾਵਾਂ ਦਾ ਆਯੋਜਨ ਕੀਤਾ ਜਾਵੇਗਾ। 'ਗ਼ਦਰ ਲਹਿਰ ਦੀ ਵਿਰਾਸਤ ਨੂੰ ਯਾਦ ਰੱਖਣਾ' ਵਿਸ਼ੇ 'ਤੇ ਇੱਕ ਵਿਸ਼ੇਸ਼ ਚਰਚਾ

ਵੀ ਸਮਾਗਮਾਂ ਦਾ ਹਿੱਸਾ ਹੋਵੇਗੀ। ਇਸ ਮੌਕੇ ਵਾਤਾਵਰਨ ਪੱਖੀ ਅਤੇ ਮਾਂ ਬੋਲੀ ਪੰਜਾਬੀ ਨੂੰ ਦਰਸਾਉਦੀਆਂ ਲੱਕੜ ਦੀਆਂ ਬਣੀਆਂ ਵਸਤਾਂ ਦੀ ਸਟਾਲ ਲਾਉਣ ਵਾਲੇ ਫਰੀਦਕੋਟ ਦੇ ਗੁਰਵਿੰਦਰ ਸਿੰਘ ਨੇ ਦਸਿਆ।

BYTE

---------------------------------------------------------

ਬੱਚਿਆਂ ਨੂੰ ਵੱਧ ਰਹੇ ਔਨਲਾਈਨ ਖਤਰਿਆਂ ਤੋਂ ਬਚਾਉਣ ਅਤੇ ਉਨ੍ਹਾਂ ਦੀ ਤੰਦਰੁਸਤੀ ਨੂੰ ਯਕੀਨੀ ਬਣਾਉਣ ਲਈ, ਪੰਜਾਬ ਪੁਲਿਸ ਦੀ ਸੂਬਾ ਸਾਈਬਰ ਕ੍ਰਾਈਮ ਡਿਵੀਜ਼ਨ ਵਲੋਂ "ਸਾਈਬਰ ਜਾਗੋ" ਪਹਿਲਕਦਮੀ ਦੀ ਸ਼ੁਰੂਆਤ ਕੀਤੀ ਗਈ ਏ। ਇਸ ਤਹਿਤ ਅਧਿਆਪਕ ਸੰਭਾਵੀ ਖਤਰਿਆਂ ਦੀ ਪਛਾਣ ਅਤੇ ਇਸ ਨਾਲ ਪ੍ਰਭਾਵੀ ਢੰਗ ਨਾਲ ਨਜਿੱਠਣ ਲਈ ਆਪੋ-ਆਪਣੇ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਸਿੱਖਿਅਤ ਕਰਨਗੇ। ਬਠਿੰਡਾ ਅਤੇ ਗੁਰਦਾਸਪੁਰ ਤੋਂ ਅਧਿਆਪਕਾਂ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਏ।

BYTE

---------------------------------------------------------

ਚੰਡੀਗੜ੍ਹ ਪ੍ਰਸ਼ਾਸਨ ਦਾ ਖੇਡ ਵਿਭਾਗ , ਮਾਈ ਭਾਰਤ ਕੇਂਦਰ, ਚੰਡੀਗੜ੍ਹ ਦੇ ਸਹਿਯੋਗ ਨਾਲ, ਭਾਰਤ ਦੇ ਲੋਹ ਪੁਰਸ਼ ਸਰਦਾਰ ਵੱਲਭ ਭਾਈ ਪਟੇਲ ਦੀ 150ਵੀਂ ਜਨਮ ਵਰ੍ਹੇਗੰਢ ਮਨਾਉਣ ਲਈ 31 ਅਕਤੂਬਰ 2025 ਨੂੰ

ਇੱਕ ਰਾਜ ਪੱਧਰੀ ‘ਪੈਦਲ ਯਾਤਰਾ’ ਦਾ ਆਯੋਜਨ ਕਰ ਰਿਹਾ ਹੈ। ਪੰਜਾਬ ਦੇ  ਰਾਜਪਾਲ ਅਤੇ ਕੇਂਦਰ ਸ਼ਾਸ਼ਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ। 8 ਕਿਲੋਮੀਟਰ ਦਾ ਏਕਤਾ ਮਾਰਚ ਸਵੇਰੇ ਸਾਢੇ 6 ਵਜੇ ਸੁਖਨਾ ਝੀਲ ਤੋਂ ਸ਼ੁਰੂ ਹੋਵੇਗਾ, ।  ਇਸ ਸਮਾਗਮ ਦਾ ਉਦੇਸ਼ 'ਏਕ ਭਾਰਤ, ਆਤਮਨਿਰਭਰ ਭਾਰਤ' ਦੀ ਭਾਵਨਾ ਦਾ ਜਸ਼ਨ ਮਨਾਉਣਾ ਏ , ਜਿਸ ਨਾਲ ਏਕਤਾ, ਆਤਮਨਿਰਭਰਤਾ ਅਤੇ ਰਾਸ਼ਟਰੀ ਗੌਰਵ ਦੀ ਭਾਵਨਾ ਨੂੰ ਪ੍ਰੋਤਸਾਹਨ ਮਿਲੇ। ਇਹ ਪਦਯਾਤਰਾ ਨਾਗਰਿਕਾਂ ਨੂੰ ਸਵਦੇਸ਼ੀ ਅਤੇ ਆਤਮਨਿਰਭਰਤਾ ਦੇ ਆਦਰਸ਼ਾਂ ਨੂੰ ਅਪਣਾਉਣ ਲਈ ਉਤਸ਼ਾਹਿਤ ਕਰਦੇ ਹੋਏ ਇੱਕ ਤੰਦਰੁਸਤ ਅਤੇ ਨਸ਼ਾ-ਮੁਕਤ ਭਾਰਤ ਬਣਾਉਣ ਦਾ ਸਮਾਜਿਕ ਸੰਦੇਸ਼ ਵੀ ਦਿੰਦੀ ਏ।

-----------------------------------------------------

ਵਿਜੀਲੈਂਸ ਜਾਗਰੂਕਤਾ ਹਫਤੇ ਤਹਿਤ ਵਿਜੀਲੈਂਸ ਬਿਊਰੋ ਦੀ ਜਲੰਧਰ ਇਕਾਈ ਵਲੋਂ ਅੱਜ ਪਿੰਡ ਜੀਵਨ ਨੰਗਲ ਦੇ ਸੱਤਿਅਮ ਇੰਸਟੀਚਿਊਟ ਵਿਖੇ ਸੈਮੀਨਾਰ ਕਰਵਾਇਆ ਗਿਆ।

ਸੈਮੀਨਾਰ ਦੌਰਾਨ ਵਿਦਿਆਰਥੀਆਂ ਨੂੰ ਭ੍ਰਿਸ਼ਟਾਚਾਰ ਮੁਕਤ ਸਮਾਜ ਦੀ ਸਿਰਜਣਾ ਲਈ ਅਗੇ ਆਉਣ ਦਾ ਸੱਦਾ ਦਿੱਤਾ ਗਿਆ। ਵਿਜੀਲੈਂਸ ਬਿਊਰੋ ਦੇ ਉਪ ਕਪਤਾਨ ਪੁਲਿਸ, ਅਸ਼ਵਨੀ ਕੁਮਾਰ ਅਤੇ ਇੰਸਪੈਕਟਰ ਸਾਹਿਲ

ਅਗਨੀਹੋਤਰੀ ਨੇ ਸਾਰਿਆਂ ਨੂੰ ਭ੍ਰਿਸ਼ਟਾਚਾਰ ਨੂੰ ਖ਼ਤਮ ਕਰਨ ਲਈ ਵਿਜੀਲੈਂਸ ਬਿਊਰੋ ਦਾ ਸਹਿਯੋਗ ਕਰਨ ਦੀ ਅਪੀਲ ਕੀਤੀ। ਭ੍ਰਿਸ਼ਟਾਚਾਰ ਸਬੰਧੀ ਵਿਜੀਲੈਂਸ ਬਿਊਰੋ ਦੇ ਟੋਲ ਫ੍ਰੀ ਨੰਬਰ 1800-1800-1000 ਅਤੇ ਵੈੱਬਸਾਈਟ vigilancebureau.punjab.gov.in ਵਟਸਐਪ ਨੰਬਰ 95012-00200 ’ਤੇ ਸ਼ਿਕਾਇਤ ਕੀਤੀ ਜਾ ਸਕਦੀ ਏ । ਇਸ ਦੌਰਾਨ ਭ੍ਰਿਸ਼ਟਾਚਾਰ ਖਿਲਾਫ਼ ਸਹੁੰ ਵੀ ਚੁਕਾਈ ਗਈ ਅਤੇ ਪੈਂਫਲੈੱਟ ਵੰਡੇ ਗਏ।

--------------------------------------------------------------

ਓਧਰ ਮੋਹਾਲੀ ਦੇ ਖੁਨਿਮਾਜਰਾ ਸਥਿਤ ਸਰਕਾਰੀ ਪੋਲੀਟੈਕਨਿਕ ਕਾਲਜ ਦੇ ਪ੍ਰੋਫ਼ੈਸਰ ਗੁਰਬਕਸ਼ਿਸ਼  ਸਿੰਘ ਅਤੇ ਬਠਿੰਡਾ ਤੋਂ ਲੈਕਚਰਾਰ ਪੁਰਸ਼ੋਤਮ ਸਿੰਘ ਨੇ ਲੋਕਾਂ ਨੂੰ ਭ੍ਰਿਸ਼ਟਾਚਾਰ ਖਿਲਾਫ ਅੱਗੇ ਆਉਣ ਦੀ ਅਪੀਲ ਕੀਤੀ  ।

BYTE:

--------------------------------------------------------------

ਜਲੰਧਰ ਦੇ ਉਲੰਪੀਅਨ ਸੁਰਜੀਤ ਹਾਕੀ ਸਟੇਡੀਅਮ 'ਚ ਖੇਡੇ ਜਾ ਰਹੇ 42ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਵਿੱਚ ਅੱਜ ਕੁਆਟਰ ਫਾਈਨਲ ਮੈਚਾਂ 'ਚ, ਭਾਰਤ ਪੈਟਰੋਲੀਅਮ ਮੁੰਬਈ ਦਾ ਆਰਮੀ

ਇਲੈਵਨ ਦਿੱਲੀ ਨਾਲ ਅਤੇ ਪੰਜਾਬ ਪੁਲਿਸ ਜਲੰਧਰ ਦਾ ਇੰਡੀਅਨ ਆਇਲ ਮੁੰਬਈ ਨਾਲ ਮੁਕਾਬਲਾ ਹੋ ਰਿਹਾ ਏ।

---------------------------------------------------

- ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ -ਦੇਸ਼ ਵਿੱਚ ਹੁਣ ਤੱਕ 10 ਹਜ਼ਾਰ ਕਿਸਾਨ ਉਤਪਾਦਕ ਸੰਗਠਨ ਸਥਾਪਿਤ ਕੀਤੇ ਗਏ ਨੇ।

- ਵਿੱਤ ਮੰਤਰਾਲੇ ਦੇ ਅਧਿਕਾਰੀਆਂ ਵੱਲੋਂ “ਜਲ ਸ਼ਕਤੀ ਅਭਿਆਨ 'ਕੈਚ ਦ ਰੇਨ' - 2025” ਤਹਿਤ ਫ਼ਰੀਦਕੋਟ ਜ਼ਿਲ੍ਹੇ ਦੇ ਪਿੰਡ ਢਿੱਲਵਾਂ ਕਲਾਂ ਦਾ ਦੌਰਾ।

- ਪੰਜਾਬ ਸਰਕਾਰ ਵਲੋਂ ਵਿਧਵਾ ਅਤੇ ਬੇਅਸਰਾ ਔਰਤਾਂ ਦੀ ਵਿੱਤੀ ਸਹਾਇਤਾ ਵਜੋਂ ਹੁਣ ਤੱਕ 693 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ।

- ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਿੱਖਿਆ ਵਿਭਾਗ ਦੀਆਂ 7 ਜਥੇਬੰਦੀਆਂ ਨਾਲ ਮੀਟਿੰਗ ਕੀਤੀ , ਜਾਇਜ਼ ਮੰਗਾਂ ਹੱਲ ਕਰਨ ਦਾ ਦਿੱਤਾ ਭਰੋਸਾ।

- ਤਿੰਨ ਦਿਨਾਂ 34ਵਾਂ ਮੇਲਾ 'ਗ਼ਦਰੀ ਬਾਬਿਆਂ ਦਾ' ਜਲੰਧਰ 'ਚ ਅੱਜ ਤੋਂ ਸ਼ੁਰੂ ਹੋਇਆ ।

- 42ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਵਿੱਚ ਅੱਜ ਕੁਆਟਰ ਫਾਈਨਲ ਮੈਚਾਂ 'ਚ, ਭਾਰਤ ਪੈਟਰੋਲੀਅਮ ਮੁੰਬਈ ਦਾ ਆਰਮੀ ਇਲੈਵਨ ਦਿੱਲੀ ਨਾਲ ਅਤੇ ਪੰਜਾਬ ਪੁਲਿਸ ਜਲੰਧਰ ਦਾ ਇੰਡੀਅਨ ਆਇਲ ਮੁੰਬਈ ਨਾਲ ਮੁਕਾਬਲਾ ਹੋ ਰਿਹਾ ਏ।

---

**ਇਸਦੇ ਨਾਲ ਪ੍ਰਾਦੇਸ਼ਿਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**